ਸਰਕਾਰੀ ਤਾਇਰੀ

ਭਗਤ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਲਈ ਸਾਲ ਭਰ ਦਾ ਰੋਡਮੈਪ ਤਿਆਰ : ਹਰਪਾਲ ਚੀਮਾ

ਚਾਰ ਵੱਡੀਆਂ ਸ਼ੋਭਾ ਯਾਤਰਾਵਾਂ ਸ੍ਰੀ ਖੁਰਾਲਗੜ੍ਹ ਸਾਹਿਬ ਪਹੁੰਚਣਗੀਆਂ

ਚੰਡੀਗੜ੍ਹ, 13 ਫ਼ਰਵਰੀ (ਸਸਸ) : ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਪ੍ਰਧਾਨਗੀ ਹੇਠ ਪੰਜਾਬ ਕੈਬਨਿਟ ਦੀ ਸਬ-ਕਮੇਟੀ ਨੇ ਅੱਜ ਇਥੇ ਭਗਤ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਮਨਾਉਣ ਲਈ ਸਾਲ ਭਰ ਦੇ ਵਿਸਤ੍ਰਿਤ ਰੋਡਮੈਪ ਨੂੰ ਅੰਤਮ ਰੂਪ ਦੇਣ ਲਈ ਅਪਣੀ ਦੂਜੀ ਮੀਟਿੰਗ ਕੀਤੀ। ਇਸ ਮੀਟਿੰਗ ਵਿਚ ਇਨ੍ਹਾਂ ਸਮਾਗਮਾਂ ਨੂੰ ਵਿਸ਼ਵ ਪੱਧਰ 'ਤੇ ਲਿਜਾਣਾ ਅਤੇ ਗੁਰੂ ਸਾਹਿਬ ਦੇ ਬਰਾਬਰੀ, ਮਾਨਵਤਾ ਅਤੇ ਭਗਤੀ ਦੇ ਸੰਦੇਸ਼ ਨੂੰ ਰਾਜ ਦੇ ਹਰ ਕੋਨੇ ਅਤੇ ਇਸ ਤੋਂ ਬਾਹਰ ਤਕ ਪਹੁੰਚਾਉਣ ਦਾ ਪੱਕਾ ਅਹਿਦ ਲਿਆ ਗਿਆ।

ਮੀਟਿੰਗ ਦੌਰਾਨ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ,

ਪੰਜਾਬ ਸਰਕਾਰ ਵਲੋਂ ਵਾਰਾਣਸੀ ਸਥਿਤ ਭਗਤ ਰਵਿਦਾਸ ਜੀ ਦੇ ਜਨਮ ਅਸਥਾਨ ਲਈ ਤੀਰਥ ਯਾਤਰਾਵਾਂ ਤੇ ਜ਼ਿਲ੍ਹਾ ਪਧਰੀ ਡਰੋਨ ਸ਼ੋਅ ਕਰਵਾਏ ਜਾਣਗੇ

ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ, ਸੈਰ ਸਪਾਟਾ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਅਤੇ ਵਿਸ਼ੇਸ਼ ਇਨਵਾਇਟੀ ਪਵਨ ਟੀਨੂੰ ਨੇ ਮਹੀਨਾਵਾਰ ਪ੍ਰੋਗਰਾਮਾਂ ਦੇ ਪ੍ਰਬੰਧਾਂ ਬਾਰੇ ਵਿਸਥਾਰ ਵਿਚ ਚਰਚਾ ਕੀਤੀ। ਸਮਾਗਮਾਂ ਦੇ ਅਧਿਆਤਮਕ ਪਹਿਲੂ 'ਤੇ ਚਾਨਣਾ ਪਾਉਂਦੇ ਹੋਏ ਵਿੱਤ ਮੰਤਰੀ ਨੇ ਕਿਹਾ,"ਸਾਡਾ ਉਦੇਸ਼ ਇਸ ਇਤਿਹਾਸਕ ਮੌਕੇ ਨੂੰ ਅਜਿਹੇ ਪੱਧਰ 'ਤੇ

ਮਨਾਉਣਾ ਹੈ ਜੋ ਸਮਾਜ 'ਤੇ ਭਗਤ ਰਵਿਦਾਸ ਜੀ ਦੀਆਂ ਸਿਖਿਆਵਾਂ ਦੇ ਡੂੰਘੇ ਪ੍ਰਭਾਵ ਨੂੰ ਦਰਸਾਉਂਦਾ ਹੋਵੇ। ਅਸੀਂ ਇਹ ਯਕੀਨੀ ਬਣਾਉਣ ਲਈ ਵਚਨਬੱਧ ਹਾਂ ਕਿ ਹਰ ਨਾਗਰਿਕ, ਖ਼ਾਸ ਕਰ ਕੇ ਸਾਡੇ ਨੌਜਵਾਨ, 'ਬੇਗਮਪੁਰਾ' ਦੇ ਸੰਦੇਸ਼- ਇਕ ਅਜਿਹਾ ਸਮਾਜ ਜੋ ਦੁੱਖਾਂ ਅਤੇ ਵਿਤਕਰੇ ਤੋਂ ਮੁਕਤ ਹੋਵੇ- ਨਾਲ ਜੁੜਨ।"

ਕੈਬਨਿਟ ਸਬ-ਕਮੇਟੀ ਨੇ ਵਾਰਾਣਸੀ, ਫ਼ਰੀਦਕੋਟ, ਜੰਮੂ ਅਤੇ ਬਠਿੰਡਾ ਤੋਂ ਚਾਰ ਵੱਡੀਆਂ ਸ਼ੋਭਾ ਯਾਤਰਾਵਾਂ ਕੱਢਣ ਦਾ ਫ਼ੈਸਲਾ ਕੀਤਾ ਹੈ, ਜੋ ਗੁਰੂ ਜੀ ਦੇ ਪਵਿੱਤਰ ਤਪ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਨਤਮਸਤਕ ਹੋਣਗੀਆਂ। ਪੰਜਾਬ ਦੇ ਵੱਖ-ਵੱਖ ਹਿੱਸਿਆਂ ਤੋਂ ਸ਼ਰਧਾਲੂਆਂ ਨੂੰ ਵਾਰਾਣਸੀ ਸਥਿਤ ਸ੍ਰੀ ਗੁਰੂ ਰਵਿਦਾਸ ਜੀ ਦੇ ਜਨਮ ਅਸਥਾਨ ਮੰਦਰ ਦੇ ਦਰਸ਼ਨਾਂ ਲਈ ਤੀਰਥ ਯਾਤਰਾਵਾਂ ਦੀ ਸਹੂਲਤ ਦੇਣ ਦਾ ਵੀ ਫ਼ੈਸਲਾ ਲਿਆ ਗਿਆ। ਗੁਰੂ ਜੀ ਦਾ ਫ਼ਲਸਫ਼ਾ ਨਵੀਂ ਪੀੜ੍ਹੀ ਤਕ ਸਾਰਥਕ ਤਰੀਕੇ ਨਾਲ ਪਹੁੰਚਾਉਣ ਲਈ ਸਬ-ਕਮੇਟੀ ਨੇ ਸੂਬੇ ਦੇ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿਚ ਉਨ੍ਹਾਂ ਦੇ ਜੀਵਨ ਅਤੇ ਸਿਖਿਆਵਾਂ ਉਤੇ ਸੈਮੀਨਾਰ ਕਰਵਾਉਣ ਦੀ ਪ੍ਰਵਾਨਗੀ ਦਿਤੀ। ਇਸ ਰੋਡਮੈਪ ਵਿਚ ਹਰ ਜ਼ਿਲ੍ਹੇ ਵਿਚ ਡਰੋਨ ਸ਼ੋਅ ਅਤੇ ਪਿੰਡਾਂ ਵਿਚ ਦਸਤਾਵੇਜ਼ੀ ਫ਼ਿਲਮਾਂ ਦੀ ਸਕ੍ਰੀਨਿੰਗ ਰਾਹੀਂ ਨਵੀਨਤਾਕਾਰੀ ਪ੍ਰਚਾਰ ਵੀ ਸ਼ਾਮਲ ਹੈ, ਤਾਂ ਜੋ ਆਧੁਨਿਕ ਤਕਨਾਲੋਜੀ ਰਾਹੀਂ ਜਾਗਰੂਕਤਾ ਵਧਾਈ ਜਾ ਸਕੇ।

ਇਸ ਮੀਟਿੰਗ ਵਿਚ ਮੁੱਖ ਮੰਤਰੀ ਪੰਜਾਬ ਦੇ ਵਿਸ਼ੇਸ਼ ਪ੍ਰਮੁੱਖ ਸਕੱਤਰ ਅਤੇ ਸੈਰ-ਸਪਾਟਾ ਵਿਭਾਗ ਦੇ ਡਾਇਰੈਕਟਰ ਸੰਜੀਵ ਤਿਵਾੜੀ ਅਤੇ ਡਿਪਟੀ ਡਾਇਰੈਕਟਰ ਯਸ਼ਪਾਲ ਸ਼ਰਮਾ ਵੀ ਹਾਜ਼ਰ ਸਨ।

'ਸਾਡੇ ਬਜ਼ੁਰਗ-ਸਾਡਾ ਮਾਣ' ਮੁਹਿੰਮ ਤਹਿਤ ਜ਼ਿਲ੍ਹਾ ਪਧਰੀ ਸਿਹਤ ਕੈਂਪਾਂ ਵਿਚ 9,000 ਸੀਨੀਅਰ ਨਾਗਰਿਕ ਰਜਿਸਟਰਡ : ਡਾ. ਬਲਜੀਤ ਕੌਰ

ਚੰਡੀਗੜ੍ਹ, 13 ਫ਼ਰਵਰੀ (ਸਸਸ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੀਨੀਅਰ ਨਾਗਰਿਕਾਂ ਦੀ ਸਿਹਤ, ਸੁਰੱਖਿਆ ਤੇ ਮਾਣ-ਸਨਮਾਨ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਜ਼ਮੀਨੀ ਪੱਧਰ 'ਤੇ ਕੀਤੇ ਜਾ ਰਹੇ ਉਪਰਾਲਿਆਂ ਰਾਹੀਂ ਉਨ੍ਹਾਂ ਦੀ ਭਲਾਈ ਪ੍ਰਤੀ ਅਪਣੀ ਵਚਨਬੱਧਤਾ ਨੂੰ ਲਗਾਤਾਰ ਹੋਰ ਮਜ਼ਬੂਤ ਕਰ ਰਹੀ ਹੈ। 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਸੂਬਾ ਪਧਰੀ ਪਹੁੰਚ ਦੇ ਵੇਰਵੇ ਸਾਂਝੇ ਕਰਦਿਆਂ ਸਮਾਜਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਇਹ ਪਹਿਲਕਦਮੀ ਪੰਜਾਬ ਦੀ ਬਜ਼ੁਰਗ ਆਬਾਦੀ ਦਾ ਸਨਮਾਨ ਤੇ ਸਹਾਇਤਾ ਕਰਨ ਪ੍ਰਤੀ ਸੂਬਾ ਸਰਕਾਰ ਦੀ ਲੋਕ-ਪੱਖੀ ਪਹੁੰਚ ਨੂੰ ਦਰਸਾਉਂਦੀ ਹੈ। ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਤਹਿਤ, ਹੁਣ ਤਕ ਲਗਭਗ 9,000 ਸੀਨੀਅਰ ਨਾਗਰਿਕ ਰਜਿਸਟਰਡ ਹੋਏ ਹਨ ਅਤੇ ਉਨ੍ਹਾਂ ਨੂੰ ਸੂਬੇ ਭਰ ਵਿਚ ਲਗਾਏ ਗਏ ਜ਼ਿਲ੍ਹਾ-

ਵਾਰ ਸਿਹਤ ਕੈਂਪਾਂ ਤੋਂ ਸਿੱਧੇ ਤੌਰ 'ਤੇ ਲਾਭ ਮਿਲਿਆ ਹੈ। ਮੰਤਰੀ ਨੇ ਮੁਹਿੰਮ ਦੇ ਪ੍ਰਭਾਵੀ ਨਤੀਜਿਆਂ ਨੂੰ ਉਜਾਗਰ ਕਰਦਿਆਂ ਦਸਿਆ ਕਿ ਰਜਿਸਟਰਡ ਲਾਭਪਾਤਰੀਆਂ ਵਿਚੋਂ 2,268 ਸੀਨੀਅਰ ਨਾਗਰਿਕਾਂ ਨੇ ਆਮ ਸਿਹਤ ਜਾਂਚ, 1,241 ਨੇ ਆਰਥੋਪੀਡਿਕ ਅਤੇ 2,607 ਸੀਨੀਅਰ ਨਾਗਰਿਕਾਂ ਨੇ ਅੱਖਾਂ ਦੀ ਜਾਂਚ ਕਰਵਾਈ। ਇਸ ਤੋਂ ਇਲਾਵਾ 631 ਸੀਨੀਅਰ ਨਾਗਰਿਕਾਂ ਨੇ ਯੋਗਾ ਸੈਸ਼ਨਾਂ ਵਿਚ ਹਿੱਸਾ ਲਿਆ, 551 ਨੇ ਹੋਮਿਓਪੈਥਿਕ ਇਲਾਜ ਕਰਵਾਇਆ ਤੇ 791 ਨੇ ਆਯੁਰਵੈਦਿਕ ਸਿਹਤ ਸੇਵਾਵਾਂ ਤੋਂ ਲਾਭ ਉਠਾਇਆ। ਹੋਰਨਾਂ ਭਲਾਈ ਸੇਵਾਵਾਂ ਬਾਰੇ ਵਿਸਥਾਰ ਵਿਚ ਦਸਦਿਆਂ ਕੈਬਨਿਟ ਮੰਤਰੀ ਨੇ ਦਸਿਆ ਕਿ

ਸਰਕਾਰ ਨੇ ਸੀਨੀਅਰ ਨਾਗਰਿਕਾਂ ਦੀ ਸਿਹਤ ਲਈ 7.86 ਕਰੋੜ ਰੁਪਏ ਕੀਤੇ ਅਲਾਟ

ਏ.ਐਲ.ਆਈ. ਐਮ.ਸੀ.ਓ. ਸਕੀਮ ਤਹਿਤ, 243 ਸੀਨੀਅਰ ਨਾਗਰਿਕ ਰਜਿਸਟਰ ਕੀਤੇ ਗਏ ਸਨ, ਜਿਨ੍ਹਾਂ ਵਿਚੋਂ 89 ਨੂੰ ਵ੍ਹੀਲਚੇਅਰ, ਐਨਕਾਂ ਅਤੇ ਸੁਣਨ ਵਾਲੀਆਂ ਮਸ਼ੀਨਾਂ ਵਰਗੇ ਸਹਾਇਕ ਉਪਕਰਣ ਪ੍ਰਦਾਨ ਕੀਤੇ ਗਏ ਸਨ। ਇਸ ਤੋਂ ਇਲਾਵਾ ਕੈਂਪਾਂ ਦੌਰਾਨ 233 ਸੀਨੀਅਰ ਨਾਗਰਿਕਾਂ ਦੇ ਬੁਢਾਪਾ ਪੈਨਸ਼ਨ ਫ਼ਾਰਮ ਭਰਨ ਸਬੰਧੀ ਪ੍ਰਕਿਰਿਆ ਕੀਤੀ ਗਈ ਅਤੇ 306 ਲਾਭਪਾਤਰੀਆਂ ਨੂੰ ਸੀਨੀਅਰ ਸਿਟੀਜ਼ਨ ਕਾਰਡ ਜਾਰੀ ਕੀਤੇ ਗਏ। ਸੂਬੇ ਭਰ ਦੇ ਪਰਵਾਰਾਂ ਨੂੰ ਅਪੀਲ ਕਰਦਿਆਂ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੈਂ ਪਰਵਾਰਾਂ ਨੂੰ ਅਪੀਲ ਕਰਦੀ ਹਾਂ ਕਿ ਉਹ ਅਪਣੇ ਬਜ਼ੁਰਗਾਂ ਨੂੰ ਇਨ੍ਹਾਂ ਸਿਹਤ ਕੈਂਪਾਂ ਵਿਚ ਲਿਆਉਣ ਤਾਂ ਜੋ ਵੱਧ ਤੋਂ ਵੱਧ ਸੀਨੀਅਰ ਨਾਗਰਿਕ ਪੰਜਾਬ ਸਰਕਾਰ ਦੀਆਂ ਭਲਾਈ ਪਹਿਲਕਦਮੀਆਂ ਦਾ ਲਾਭ ਉਠਾ ਸਕਣ।

ਮਾਰਚ-2026 ਦੀਆਂ ਬੋਰਡ ਪ੍ਰੀਖਿਆਵਾਂ ਲਈ ਐਂਡ-ਟੂ-ਐਂਡ ਡਿਜੀਟਲ ਮੁਲਾਂਕਣ ਪ੍ਰਣਾਲੀ ਲਾਗੂ ਹੋਵੇਗੀ : ਹਰਜੋਤ ਸਿੰਘ ਬੈਂਸ

ਚੰਡੀਗੜ੍ਹ, 13 ਫ਼ਰਵਰੀ (ਸਤਵਿੰਦਰ ਸਿੰਘ ਧੜਾਕ) : ਪੰਜਾਬ ਦੇ ਸਿਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦਸਿਆ ਕਿ ਪੰਜਾਬ ਸਰਕਾਰ ਮਾਰਚ-2026 ਦੀਆਂ ਬੋਰਡ

ਪੀ.ਐਸ.ਈ.ਬੀ. ਵਲੋਂ ਆਨ-ਸਕਰੀਨ ਮਾਰਕਿੰਗ ਪ੍ਰਾਜੈਕਟ ਦੀ ਸ਼ੁਰੂਆਤ, ਪੂਰੀ ਤਰ੍ਹਾਂ ਡਿਜੀਟਲ ਮੁਲਾਂਕਣ ਅਪਣਾਉਣ ਵਾਲੇ ਮੋਹਰੀ ਸੂਬਿਆਂ ਵਿਚ ਸ਼ੁਮਾਰ ਹੋਇਆ ਪੰਜਾਬ

ਪ੍ਰੀਖਿਆਵਾਂ ਲਈ ਮੁਲਾਂਕਣ ਪ੍ਰਕਿਰਿਆ ਵਿਚ ਵੱਡਾ ਬਦਲਾਅ ਲਿਆਉਣ ਜਾ ਰਹੀ ਹੈ। ਪੰਜਾਬ ਸਕੂਲ ਸਿਖਿਆ ਬੋਰਡ ਵਲੋਂ ਆਨ-ਸਕਰੀਨ ਮਾਰਕਿੰਗ ਪ੍ਰਣਾਲੀ ਲਾਗੂ ਕਰਨ ਦੀ ਤਿਆਰੀ ਮੁਕੰਮਲ ਕਰ ਲਈ ਗਈ ਹੈ। ਉਨ੍ਹਾਂ ਦਸਿਆ ਕਿ ਇਸ ਕਦਮ ਨਾਲ ਪੰਜਾਬ ਦੇਸ਼ ਦੇ ਉਨ੍ਹਾਂ ਮੋਹਰੀ ਸੂਬਿਆਂ ਵਿਚ ਸ਼ੁਮਾਰ ਹੋ ਜਾਵੇਗਾ, ਜਿਥੇ ਪੂਰੀ ਤਰ੍ਹਾਂ ਡਿਜੀਟਲ ਮੁਲਾਂਕਣ ਪ੍ਰਣਾਲੀ ਅਪਣਾਈ ਜਾ ਰਹੀ ਹੈ।

ਇਸ ਪ੍ਰਾਜੈਕਟ ਬਾਰੇ ਜਾਣਕਾਰੀ ਦਿੰਦਿਆਂ ਸ. ਬੈਂਸ ਨੇ ਦਸਿਆ ਕਿ ਇਸ ਪ੍ਰਣਾਲੀ ਨਾਲ ਅਧਿਆਪਕ ਸਕੈਨ ਕੀਤੀਆਂ ਉੱਤਰ ਪੱਤਰੀਆਂ ਦਾ ਕੰਪਿਊਟਰ ਉਤੇ ਮੁਲਾਂਕਣ ਕਰ ਸਕਣਗੇ ਅਤੇ ਸਾਫ਼ਟਵੇਅਰ ਰਾਹੀਂ ਅੰਕਾਂ ਦੀ ਗਿਣਤੀ ਅਪਣੇ ਆਪ ਹੋਵੇਗੀ ਜਿਸ ਨਾਲ ਨਤੀਜੇ ਤੇਜ਼ ਅਤੇ ਸਹੀ ਤਰੀਕੇ ਨਾਲ ਜਾਰੀ ਹੋਣਗੇ। ਸਿਖਿਆ ਮੰਤਰੀ ਨੇ ਦਸਿਆ ਕਿ ਇਸ ਪ੍ਰਣਾਲੀ ਨੇ ਤੁਰਤ ਅਤੇ ਸਟੀਕ ਮੁਲਾਂਕਣ ਕਰ ਕੇ ਅਪਣੀ ਯੋਗਤਾ ਪਹਿਲਾਂ ਹੀ ਸਾਬਤ ਕਰ ਦਿਤੀ ਹੈ। ਉਨ੍ਹਾਂ ਦਸਿਆ ਕਿ ਸਤੰਬਰ 2025 ਦੀ ਸਪਲੀਮੈਂਟਰੀ ਪ੍ਰੀਖਿਆ ਦੌਰਾਨ 23,000 ਉੱਤਰ ਪੱਤਰੀਆਂ ਦਾ ਡਿਜੀਟਲ ਮੁਲਾਂਕਣ ਸਫ਼ਲਤਾਪੂਰਵਕ ਕੀਤਾ ਗਿਆ ਹੈ। ਉਨ੍ਹਾਂ ਦਸਿਆ ਕਿ ਇਸ ਸਫ਼ਲ ਪ੍ਰਯੋਗ ਤੋਂ ਉਤਸ਼ਾਹਤ ਹੋ ਕੇ ਪੰਜਾਬ ਸਕੂਲ ਸਿਖਿਆ ਬੋਰਡ ਇਸ ਸਾਲ ਮੈਟ੍ਰਿਕ ਪ੍ਰੀਖਿਆ ਦੇ ਇਕ ਵਿਸ਼ੇ ਵਿਚ ਆਨ-ਸਕਰੀਨ ਮਾਰਕਿੰਗ ਪ੍ਰਣਾਲੀ ਲਾਗੂ ਕਰੇਗਾ ਤੇ ਆਉਣ ਵਾਲੇ ਸੈਸ਼ਨਾਂ ਵਿਚ ਇਸ ਦਾ ਵਿਸਥਾਰ ਕੀਤਾ ਜਾਵੇਗਾ।

ਤਕਨੀਕੀ ਪੱਖਾਂ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦਸਿਆ ਕਿ ਨਵੀਂ ਡਿਜ਼ਾਈਨ ਕੀਤੀ ਗਈ ਉੱਤਰ ਪੱਤਰੀ ਦੇ ਹਰ ਪੰਨੇ ਵਿਚ ਇਕ ਵਿਲੱਖਣ ਕਿਊ.ਆਰ. ਕੋਡ ਹੈ ਜਿਸ ਨਾਲ ਸੁਰੱਖਿਅਤ ਸਕੈਨਿੰਗ ਤੇ ਨਿਰਵਿਘਨ ਡਿਜੀਟਲ ਪ੍ਰੋਸੈਸਿੰਗ ਸੰਭਵ ਹੋਵੇਗੀ। ਸਿਖਿਆ ਮੰਤਰੀ ਨੇ ਕਿਹਾ ਕਿ ਆਨ-ਸਕਰੀਨ ਮਾਰਕਿੰਗ ਪ੍ਰਣਾਲੀ ਤਹਿਤ ਉੱਤਰ ਪੱਤਰੀਆਂ ਨੂੰ ਇਕ ਸੁਰੱਖਿਅਤ ਮਾਹੌਲ ਵਿਚ ਸਕੈਨ ਕੀਤਾ ਜਾਂਦਾ ਹੈ ਅਤੇ ਇਕ ਕੇਂਦਰੀਕ੍ਰਿਤ ਡੈਸ਼ਬੋਰਡ 'ਤੇ ਅਪਲੋਡ ਕੀਤਾ ਜਾਂਦਾ ਹੈ, ਜਿਥੇ ਪ੍ਰੀਖਿਆਰਥੀ ਜੋੜ, ਢਾਂਚਾਗਤ ਮਾਰਕਿੰਗ ਸਕੀਮਾਂ ਅਤੇ ਅਸਲ-ਸਮੇਂ ਦੀ ਨਿਗਰਾਨੀ ਨਾਲ ਉਨ੍ਹਾਂ ਦਾ ਆਨਲਾਈਨ ਮੁਲਾਂਕਣ ਕਰਦੇ ਹਨ।

ਦੋ ਸੀਨੀਅਰ ਇੰਡਸਟਰੀਅਲ ਪ੍ਰਮੋਸ਼ਨਲ ਅਫ਼ਸਰ ਤੇ ਟਰੇਡ ਅਸਿਸਟੈਂਟ ਰਿਸ਼ਵਤ ਲੈਂਦੇ ਕਾਬੂ

ਚੰਡੀਗੜ੍ਹ, 13 ਫ਼ਰਵਰੀ (ਸਸਸ) : ਪੰਜਾਬ ਵਿਜੀਲੈਂਸ ਬਿਊਰੋ ਨੇ ਜ਼ਿਲ੍ਹਾ ਉਦਯੋਗ ਕੇਂਦਰ ਦਫਤਰ, ਲੁਧਿਆਣਾ 'ਚ ਤਾਇਨਾਤ ਸੀਨੀਅਰ ਇੰਡਸਟਰੀਅਲ ਪ੍ਰਮੋਸਨਲ ਅਫ਼ਸਰ ਜਸਪਾਲ ਸਿੰਘ ਅਤੇ ਰਿਸ਼ਵ ਗਰਗ ਅਤੇ ਜ਼ਿਲ੍ਹਾ ਉਦਯੋਗ ਕੇਂਦਰ ਦਫਤਰ, ਲੁਧਿਆਣਾ ਵਿਖੇ ਤਾਇਨਾਤ ਟਰੇਡ ਅਸਿਸਟੈਂਟ ਅੰਤਰਪ੍ਰੀਤ ਸਿੰਘ ਨੂੰ 30,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦਸਿਆ ਕਿ ਉਕਤ ਮੁਲਜ਼ਮਾਂ ਨੂੰ ਫੋਕਲ ਪੁਆਇੰਟ, ਲੁਧਿਆਣਾ ਦੇ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਸ਼ਿਕਾਇਤਕਰਤਾ ਫੋਕਲ ਪੁਆਇੰਟ, ਲੁਧਿਆਣਾ ਵਿਖੇ ਇਕ ਪ੍ਰੋਡਕਸ਼ਨ ਯੂਨਿਟ ਚਲਾਉਂਦਾ ਹੈ। ਸ਼ਿਕਾਇਤਕਰਤਾ ਨੇ ਅਪਣੇ ਯੂਨਿਟ ਸਬੰਧੀ ਉਤਪਾਦਨ ਸਰਟੀਫ਼ਿਕੇਟ ਦੀ ਸਹੀ ਮਿਤੀ ਲਈ ਅਰਜ਼ੀ ਦਿਤੀ ਅਤੇ ਇਹ

ਸਰਟੀਫ਼ਿਕੇਟ ਜਾਰੀ ਕਰਨ ਬਦਲੇ ਉਕਤ ਮੁਲਜ਼ਮਾਂ ਨੇ ਸ਼ਿਕਾਇਤਕਰਤਾ ਤੋਂ 45000 ਰੁਪਏ ਦੀ ਰਿਸ਼ਵਤ ਮੰਗੀ। ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਤਿੰਨੋਂ ਮੁਲਜ਼ਮਾਂ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿਚ ਸ਼ਿਕਾਇਤਕਰਤਾ ਤੋਂ 30,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਸਬੰਧੀ ਵਿਜੀਲੈਂਸ ਬਿਊਰੋ ਦੇ ਥਾਣਾ ਲੁਧਿਆਣਾ ਵਿਚ ਮਾਮਲਾ ਦਰਜ ਕਰ ਕੇ ਅਗਲੀ ਜਾਂਚ ਸ਼ੁਰੂ ਕਰ ਦਿਤੀ ਹੈ।

ਗੈਂਗਸਟਰਾਂ 'ਤੇ ਵਾਰ ਦੇ 24ਵੇਂ ਦਿਨ 256 ਜਣੇ ਗ੍ਰਿਫ਼ਤਾਰ

ਚੰਡੀਗੜ੍ਹ, 13 ਫ਼ਰਵਰੀ (ਸਸਸ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫ਼ੈਸਲਾਕੁਨ 'ਗੈਂਗਸਟਰਾਂ ਉਤੇ ਵਾਰ' ਮੁਹਿੰਮ ਦੇ 24ਵੇਂ ਦਿਨ, ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿਚ ਗੈਂਗਸਟਰਾਂ ਦੇ ਸਾਥੀਆਂ ਨਾਲ ਸਬੰਧਤ ਪਛਾਣੇ ਗਏ ਅਤੇ ਮੈਪ ਕੀਤੇ ਟਿਕਾਣਿਆਂ 'ਤੇ 888 ਛਾਪੇਮਾਰੀਆਂ ਕੀਤੀਆਂ। ਮੁਹਿੰਮ ਦੇ 24ਵੇਂ ਦਿਨ, ਪੁਲਿਸ ਟੀਮਾਂ ਨੇ 256 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ। ਇਸ ਦੇ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤਕ ਗ੍ਰਿਫ਼ਤਾਰ ਵਿਅਕਤੀਆਂ ਦੀ ਗਿਣਤੀ 9,012 ਹੋ ਗਈ ਹੈ। ਇਸ ਤੋਂ ਇਲਾਵਾ 129 ਵਿਅਕਤੀਆਂ ਵਿਰੁਧ ਰੋਕਥਾਮ ਕਾਰਵਾਈ ਕੀਤੀ ਗਈ, ਜਦੋਂ ਕਿ 239 ਵਿਅਕਤੀਆਂ ਦੀ ਤਸਦੀਕ ਕੀਤੀ ਗਈ ਅਤੇ ਪੁਛਗਿਛ ਤੋਂ ਬਾਅਦ ਉਨ੍ਹਾਂ ਨੂੰ ਛੱਡ ਦਿਤਾ ਗਿਆ। ਪੁਲਿਸ ਟੀਮਾਂ ਵਲੋਂ ਕਾਰਵਾਈ ਦੌਰਾਨ 7 ਭਗੌੜੇ ਅਪਰਾਧੀਆਂ (ਪੀਓ) ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਹੈ। ਦੂਜੇ ਪਾਸੇ "ਯੁੱਧ ਨਸ਼ਿਆਂ ਵਿਰੁਧ" 349ਵੇਂ ਦਿਨ 76 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਤੇ ਉਨ੍ਹਾਂ ਦੇ ਕਬਜ਼ੇ ਵਿਚੋਂ 3.9 ਕਿਲੋ ਹੈਰੋਇਨ, 7 ਕਿਲੋ ਭੁੱਕੀ, 526 ਨਸ਼ੀਲੀਆਂ ਗੋਲੀਆਂ/ਕੈਪਸੂਲ ਤੇ 11,500 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਅੱਜ 36 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

ਨੌਜਵਾਨ ਨੇ ਪਤਨੀ ਤੇ ਪੁੱਤ ਨੂੰ ਗੋਲੀ ਮਾਰ ਕੇ ਖ਼ੁਦ ਨੂੰ ਵੀ ਮਾਰੀ ਗੋਲੀ

ਫ਼ਿਰੋਜ਼ਪੁਰ, 13 ਫ਼ਰਵਰੀ (ਤਪਿੰਦਰ ਸਿੰਘ) : ਅੱਜ ਫ਼ਿਰੋਜ਼ਪੁਰ ਦੇ ਇਤਿਹਾਸਕ ਪਿੰਡ ਬਾਜੀਦਪੁਰ ਵਿਚ ਜਗਜੀਤ ਸ